# ਸਰਕਾਰ ਸੀਨੀਅਰ ਸਿਟੀਜ਼ਨਜ਼ ਦੀਆਂ ਮੁਸ਼ਕਲਾਂ ਹੱਲ ਕਰਨ ਲਈ ਵਚਨਬਧ : ਮਦਨ ਮੋਹਨ ਮਿੱਤਲ



(ਦਵਿੰਦਰਜੀਤ)

ਅਜੀਤਗੜ੍ਹ, 1 ਅਕਤੂਬਰ (ਸਤਵਿੰਦਰ ਸਿਘ ਧੜਾਕ) : ਪੰਜਾਬ ਸਰਕਾਰ ਸੀਨੀਅਰ ਸਿਟੀਜ਼ਨਜ਼ ਦੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕਰਨ ਲਈ ਵਚਨਬੱਧ ਹੈ ਕਿਉਂਕਿ ਸੀਨੀਅਰ ਸਿਟੀਜ਼ਨਜ਼ ਸਾਡੇ ਸਮਾਜ ਦਾ ਬਹੁਮੁੱਲਾ ਅੰਗ ਹੈ। ਰਾਜ ਸਰਕਾਰ ਬਜ਼ੁਰਗਾਂ ਨੂੰ ਮਾਣ ਸਨਮਾਨ ਦੇਣ ਅਤੇ ਉਨ੍ਹਾਂ ਦਾ ਪਾਲਣ ਪੋਸ਼ਣ ਅਤੇ ਭਲਾਈ ਐਕਟ 2007 ਨੂੰ ਪੂਰਨ ਰੂਪ ਵਿਚ ਲਾਗੂ ਕਰੇਗੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੀ ਮਦਨ ਮੋਹਨ ਮਿੱਤਲ ਸਿਹਤ ਤੇ ਪਰਿਵਾਰ ਭਲਾਈ, ਸਮਾਜਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਅਤੇ ਸੰਸਦੀ ਮਾਮਲਿਆਂ ਬਾਰੇ ਮੰਤਰੀ ਪੰਜਾਬ ਨੇ ਸ਼ਿਵਾਲਿਕ ਪਬਲਿਕ ਸਕੂਲ ਫ਼ੇਜ਼-6 ਦੇ ਆਡੀਟੋਰੀਅਮ ਵਿਖੇ ਸਮਾਜਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵਲੋਂ ਅਜੀਤਗੜ੍ਹ ਸੀਨੀਅਰ ਸਿਟੀਜ਼ਨਜ਼ ਐਸੋਸੀਏਸ਼ਨ ਦੇ ਸਹਿਯੋਗ ਨਾਲ ਅੰਤਰ ਰਾਸ਼ਟਰੀ ਬਜ਼ੁਰਗ ਦਿਵਸ ਮੌਕੇ ਕਰਵਾਏ ਗਏ ਰਾਜ ਪਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ। ਸ੍ਰੀ ਮਿੱਤਲ ਨੇ ਇਸ ਮੌਕੇ ਅਜੀਤਗੜ੍ਹ ਤੇ ਰੂਪਨਗਰ ਜ਼ਿਲ੍ਹੇ ਦੇ ਬੁਢਾਪਾ ਪੈਨਸ਼ਨ ਪ੍ਰਾਪਤ ਕਰਨ ਵਾਲੇ ਬਜ਼ੁਰਗਾਂ ਨੂੰ ਸਮਾਜਕ ਸੁਰੱਖਿਆ ਵਿਭਾਗ ਪੰਜਾਬ ਵਲੋਂ ਅਤੇ 14 ਸੀਨੀਅਰ ਸਿਟੀਜ਼ਨਜ਼ ਨੂੰ ਖੇਡਾਂ ਦੇ ਖੇਤਰ ਵਿਚ ਮੱਲਾਂ ਮਾਰਨ ਬਦਲੇ ਮੋਹਾਲੀ ਸੀਨੀਅਰ ਸਿਟੀਜ਼ਨਜ਼ ਐਸੋਸੀਏਸ਼ਨ ਵਲੋਂ ਸਨਮਾਨਤ ਵੀ ਕੀਤਾ। ਇਸ ਮੌਕੇ ਉਨ੍ਹਾਂ ਐਸੋਸੀਏਸ਼ਨ ਦਾ ਸੋਵੀਨਾਰ ਅਤੇ ਮੈਂਬਰਾਂ ਦੀ ਡਾਇਰੈਕਟਰੀ ਵੀ ਜਾਰੀ ਕੀਤੀ। ਉਨ੍ਹਾਂ ਇਸ ਮੌਕੇ ਮੋਹਾਲੀ ਸੀਨੀਅਰ ਸਿਟੀਜ਼ਨਜ਼ ਐਸੋਸੀਏਸ਼ਨ ਵਲੋਂ ਬਜ਼ੁਰਗਾਂ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਐਸੋਸੀਏਸ਼ਨ ਨੂੰ ਅਪਣੇ ਨਾਲ ਹੋਰ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਜੋੜਨਾ ਚਾਹੀਦਾ ਹੈ ਤਾਂ ਜੋ ਪੰਜਾਬ ਸਰਕਾਰ ਬਜ਼ੁਰਗਾਂ ਦੀ ਭਲਾਈ ਲਈ ਵੱਧ ਤੋਂ ਵੱਧ ਮਾਲੀ ਮਦਦ ਦੇ ਸਕੇ।

ਉਨ੍ਹਾਂ ਇਸ ਮੌਕੇ ਬੋਲਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਬਜ਼ੁਰਗਾਂ ਨੂੰ ਵਿਸ਼ੇਸ਼ ਸਹੂਲਤਾਂ ਦਿਤੀਆਂ ਜਾ ਰਹੀਆਂ ਹਨ। ਉਨ੍ਹਾਂ ਦਸਿਆ ਕਿ 60 ਸਾਲ ਜਾਂ ਇਸ ਤੋਂ ਵੱਧ ਉਮਰ ਦੀਆਂ ਔਰਤਾਂ ਅਤੇ 65 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਪੁਰਸ਼, ਪਤੀ -ਪਤਨੀ ਜਿਉਂਦੇ ਹੋਣ ਦੀ ਸੂਰਤ ਵਿਚ 1500 ਰੁਪਏ ਪ੍ਰਤੀ ਮਹੀਨਾਂ ਅਤੇ ਇਕੱਲੇ ਹੋਣ ਦੀ ਸੂਰਤ ਵਿੱਚ ਆਮਦਨ 1000 ਰੁਪਏ ਪ੍ਰਤੀ ਮਹੀਨਾਂ, ਪੁੱਤਰਾਂ ਦੀ ਆਮਦਨ 4000 ਰੁਪਏ ਪ੍ਰਤੀ ਮਹੀਨਾਂ ਤੋਂ ਵੱਧ ਨਾ ਹੋਵੇ, ਨੂੰ 250 ਰੁਪਏ ਪ੍ਰਤੀ ਮਹੀਨਾਂ ਬੁਢਾਪਾ ਪੈਨਸ਼ਨ ਦਿਤੀ ਜਾਂਦੀ ਹੈ। ਇਸੇ ਤਰ੍ਹਾਂ ਰਾਸ਼ਟਰੀ ਬੁਢਾਪਾ ਪੈਨਸ਼ਨ ਸਕੀਮ ਅਧੀਨ ਬੀ.ਪੀ. ਐਲ ਅਧੀਨ ਆਉਂਦੇ 65 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਸੰਤਾਨਹੀਣ ਮਰਦ, ਵਿਧਵਾ ਅਤੇ ਨਿਆਸ਼ਰਿਤ ਔਰਤਾਂ ਅਤੇ ਅਪੰਗ ਵਿਅਕਤੀਆਂ ਨੂੰ 200 ਰੁਪਏ ਪ੍ਰਤੀ ਮਹੀਨਾਂ ਵਿੱਤੀ ਸਹਾਇਤਾ ਦਿਤੀ ਜਾਂਦੀ ਹੈ।

ਸ੍ਰੀ ਮਦਨ ਮੋਹਨ ਮਿੱਤਲ ਨੇ ਇਸ ਮੌਕੇ ਐਸੋਸੀਏਸ਼ਨ ਦੀ ਮੰਗ ਤੇ ਵਿਸ਼ਵਾਸ ਦਵਾਇਆ ਕਿ ਉਹ ਬਜ਼ੁਰਗਾਂ ਨੂੰ ਕੰਮਿਊਨਿਟੀ ਸੈਂਟਰਾਂ ਵਿਚ ਇਕੱਠੇ ਰਲ ਮਿਲ ਬੈਠਣ ਲਈ ਢੁਕਵਾਂ ਪ੍ਰਬੰਧ ਕਰਨ ਲਈ ਮੁੱਖ ਮੰਤਰੀ ਪੰਜਾਬ ਨਾਲ ਗੱਲਬਾਤ ਕਰਨਗੇ ਤਾਂ ਜੋ ਬਜ਼ੁਰਗ ਕਮਿਊਨਿਟੀ ਸੈਂਟਰਾਂ ਵਿਚ ਕੁੱਝ ਸਮਾਂ ਇਕੱਠੇ ਬੈਠ ਕੇ ਆਪਸੀ ਗੱਲਬਾਤ ਕਰ ਸਕਣ।

ਇਸ ਮੌਕੇ ਸ਼੍ਰੋਮਣੀ ਅਕਾਲੀ ਦੇ ਮੁੱਖ ਬੁਲਾਰੇ ਸ. ਬਲਵੰਤ ਸਿਘ ਰਾਮੂਵਾਲੀਆ ਨੇ ਅੰਤਰਰਾਸ਼ਟਰੀ ਬਜ਼ੁਰਗ ਦਿਵਸ ਮੌਕੇ ਜੁੜੇ ਸਮੂਹ ਸੀਨੀਅਰ ਸਿਟੀਜ਼ਨਜ਼ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਸੀਨੀਅਰ ਸਿਟੀਜ਼ਨ ਸਾਡਾ ਸਰਮਾਇਆ ਹਨ। ਉਨ੍ਹਾਂ ਕਿਹਾ ਕਿ ਪਰਵਾਰਕ ਮੈਂਬਰਾਂ ਵਲੋਂ ਬਜ਼ੁਰਗਾਂ ਨੂੰ ਆਪਣੀ ਜ਼ੁੰਮੇਵਾਰੀ ਤੋਂ ਪਿਛੇ ਨਹੀਂ ਹਟਣਾ ਚਾਹੀਦਾ ਸਗੋਂ ਉਨ੍ਹਾਂ ਦੀ ਪੂਰੀ ਸੇਵਾ ਅਤੇ ਸਾਂਭ ਸੰਭਾਲ ਕਰਨੀ ਚਾਹੀਦੀ ਹੈ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਵਿਧਾਨ ਸਭਾ ਹਲਕਾ ਐਸ ਏ ਐਸ ਨਗਰ ਦੇ ਸਮੂਹ ਬਜ਼ੁਰਗਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਪੂਰੀ ਤਰ੍ਹਾਂ ਯਤਨਸ਼ੀਲ ਰਹਿਣਗੇ ਅਤੇ ਇਸ ਹਲਕੇ ਦਾ ਹਰ ਪੱਖੋਂ ਵਿਕਾਸ ਕੀਤਾ ਜਾਵੇਗਾ।

ਇਸ ਮੌਕੇ ਸ੍ਰੀ ਟੀ.ਆਰ ਸਾਰੰਗਲ ਪ੍ਰਮੁੱਖ ਸਕੱਤਰ ਸਮਾਜਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਤੋਂ ਇਲਾਵਾ ਗੁਰਕੀਰਤ ਕ੍ਰਿਪਾਲ ਸਿਘ ਡਾਇਰੈਕਟਰ ਸਮਾਜਕ ਸੁਰੱਖਿਆ ਵਿਭਾਗ, ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਐਚ. ਐਸ. ਮੰਡ, ਐਸੋਸੀਏਸ਼ਨ ਦੇ ਚੇਅਰਮੈਨ ਤੇ ਫੈਡਰੇਸ਼ਨ ਆਫ਼ ਸੀਨੀਅਰ ਸਿਟੀਜ਼ਨਜ਼ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਡਾ. ਅਮਰਜੀਤ ਸਿਘ ਖਹਿਰਾ ਅਤੇ ਐਸ ਡੀ ਐਮ. ਸ. ਲਖਮੀਰ ਸਿਘ ਆਦਿ ਨੇ ਸੰਬੋਧਨ ਕੀਤਾ। ਇਸ ਮੌਕੇ ਸ੍ਰੀ ਐਸ. ਚੌਧਰੀ, ਸ੍ਰੀ ਜੀ. ਐਸ ਛੀਨਾ, ਉਘੀ ਸਮਾਜ ਸੇਵਿਕਾ ਸ੍ਰੀਮਤੀ ਜੀ.ਕੇ ਨੰਦਾ, ਸ੍ਰੀ ਪਰਮਿੰਦਰ ਸਿਘ ਸਕੱਤਰ, ਸ੍ਰੀ ਜੇ.ਐਸ. ਠੁਕਰਾਲ, ਸ੍ਰ ਮੇਵਾ ਸਿਘ, ਸ੍ਰੀ ਜੀ. ਐਸ. ਮੰਡ ਡਿਪਟੀ ਡਾਇਰੈਕਟਰ, ਸ੍ਰੀ ਅਮ੍ਰਿਤ ਬਾਲਾ ਜ਼ਿਲ੍ਹਾ ਸਮਾਜਕ ਸੁਰੱਖਿਆ ਅਫ਼ਸਰ ਤੇ ਹੋਰ ਅਧਿਕਾਰੀ ਤੇ ਪਤਵੰਤੇ ਵੀ ਮੌਜੂਦ ਸਨ।